# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 22-04-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਧਰਤੀ ਦਿਵਸ ਦੇ ਮੌਕੇ, ਧਰਤੀ ਦੀ ਰੱਖਿਆ ਅਤੇ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦੀ ਅਪੀਲ ਕੀਤੀ।
- ਰਾਸ਼ਟਰ ਅੱਜ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ ।
- ਪੰਜਾਬ 'ਚ 57 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਅਤੇ ਕਿਸਾਨਾਂ ਨੂੰ 7 ਹਜ਼ਾਰ 109 ਕਰੋੜ ਰੁਪਏ ਦੀ ਅਦਾਇਗੀ ਮੁਕੰਮਲ ।
- ਗੜ੍ਹੇਮਾਰੀ ਕਾਰਨ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ੇ ਤਹਿਤ ਕਿਸਾਨਾਂ ਲਈ, 123 ਕਰੋੜ 28 ਲੱਖ ਰੁਪਏ ਤੋਂ ਵੱਧ ਦੀ ਰਾਹਤ ਰਾਸ਼ੀ ਜਾਰੀ।

- ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਵਲੋਂ ਮੋਹਾਲੀ, ਪਟਿਆਲਾ, ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ 'ਚ 26 ਅਪ੍ਰੈਲ ਤੱਕ 5 ਤੋਂ 9 ਘੰਟਿਆਂ ਦੇ ਬਿਜਲੀ ਕੱਟ ਜਾਰੀ ਰਹਿਣਗੇ--ਮੌਸਮ ਵਿਭਾਗ ਨੇ 25 ਅਪ੍ਰੈਲ ਤੱਕ ਲੂ ਵੱਗਣ ਬਾਰੇ ਯੇਲੋ ਅਲਰਟ ਜਾਰੀ ਕੀਤਾ।
- IPL ਕ੍ਰਿਕੇਟ ਵਿੱਚ ਅੱਜ ਲਖਨਊ ਵਿਖੇ ਰਾਜਸਥਾਨ ਰੋਇਲਸ ਦਾ ਮੁਕਾਬਲਾ ਸ਼ਾਮੀ ਸਾਡੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਧਰਤੀ ਦਿਵਸ ਦੇ ਮੌਕੇ 'ਤੇ ਧਰਤੀ ਦੀ ਰੱਖਿਆ ਅਤੇ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦੀ ਅਪੀਲ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਕੁਦਰਤ ਨਾਲ ਸਦਭਾਵਨਾ ਭਾਰਤ ਦੀ ਸੱਭਿਅਤਾ ਦੀ ਵਿਚਾਰਧਾਰਾ ਦਾ ਇੱਕ ਨਿਰੰਤਰ ਹਿੱਸਾ ਰਹੀ ਏ। ਤਮਿਲ ਕਵੀ ਤਿਰੂਵੱ-ਲੂਵਰ ਦੇ ਇੱਕ ਹਵਾਲੇ ਦਾ ਹਵਾਲਾ ਦਿੰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ "ਵਨ ਸੁਵਨੀਂ ਜੈਵ ਵਿਭਿੰਨਤਾ" ਦਾ ਅਰਥ ਸਰੋਤਾਂ ਦੀ ਸੁਚੇਤ ਅਤੇ ਬਰਾਬਰ ਵਰਤੋਂ ਨਾਲ ਸਾਰੇ ਜੀਵਾਂ ਦੀ

ਦੇਖਭਾਲ ਕਰਨਾ।ਏ ਸ੍ਰੀ ਰਾਧਾਕ੍ਰਿਸ਼ਨਨ ਨੇ ਦੇਸ਼ ਵਾਸੀਆਂ ਨੂੰ ਜਲਵਾਯੂ ਤਬਦੀਲੀ ਅਤੇ ਵਾਤਾਵਰਣ ਚੁਣੌਤੀਆਂ ਦੇ ਸਾਹਮਣੇ ਪਾਏਦਾਰ ਜੀਵਨ ਸ਼ੈਲੀ ਅਪਣਾਉਣ ਅਤੇ ਇੱਕ ਹਰੇ ਅਤੇ ਬੇਹਤਰ ਭਵਿੱਖ ਲਈ ਇਕੱਠੇ ਕੰਮ ਕਰਨ ਦੀ ਅਪੀਲ ਦਿੱਤੀ। ਉਨ੍ਹਾਂ ਕਿਹਾ ਕਿ ਧਰਤੀ ਦਾ ਸਤਿਕਾਰ ਸਿਰਫ਼ ਇੱਕ ਦਿਨ ਨਹੀਂ ਸਗੋਂ ਹਰ ਰੋਜ਼ ਕੀਤਾ ਜਾਣਾ ਚਾਹੀਦਾ ਏ ।

---------------------------------------------------------------------

ਓਧਰ ਪਟਿਆਲਾ ਫਾਊਂਡੇਸ਼ਨ ਵੱਲੋਂ ਅੱਜ ਧਰਤੀ ਦਿਵਸ ਮੌਕੇ ਪਾਣੀ ਸੰਭਾਲ ਨੂੰ ਉਤਸ਼ਾਹਿਤ ਲਈ ਜੀ.ਐਸ.ਐਸ. ਮਾਡਲ ਟਾਊਨ, ਪਟਿਆਲਾ ਵਿਖੇ "ਪਾਣੀ ਬਚਾਓ: ਸੋਚੋ, ਕੰਮ ਕਰੋ, ਸੰਭਾਲੋ" ਪਹਿਲਕਦਮੀ ਤਹਿਤ ਆਪਣੀ ਚੌਥੀ ਵਰਕਸ਼ਾਪ ਆਯੋਜਿਤ ਕੀਤੀ। ਇਹ ਵਰਕਸ਼ਾਪ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰਾਲੇ ਤੇ ਪੰਜਾਬ ਰਾਜ ਵਿਗਿਆਨ ਤੇ ਤਕਨਾਲੋਜੀ ਕੌਂਸਲ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ । ਇਹ ਵਰਕਸ਼ਾਪ ਪ੍ਰੋਜੈਕਟ ਪ੍ਰਿਥਵੀ ਦੇ ਤਹਿਤ ਆਯੋਜਿਤ ਕੀਤੀ ਗਈ ਸੀ, ਜੋ ਕਿ ਪਟਿਆਲਾ ਫਾਊਂਡੇਸ਼ਨ ਦੀ ਇੱਕ ਪ੍ਰਮੁੱਖ ਪਹਿਲਕਦਮੀ ਏ , ਜਿਸਦਾ ਉਦੇਸ਼ ਵਾਤਾਵਰਣ ਜਾਗਰੂਕਤਾ, ਟਿਕਾਊ ਅਭਿਆਸਾਂ ਅਤੇ ਜ਼ਿੰਮੇਵਾਰ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਏ , । ਸੈਸ਼ਨ ਦੀ ਸ਼ੁਰੂਆਤ

ਵਿਦਿਆਰਥੀਆਂ ਦੁਆਰਾ ਪਾਣੀ ਦੀ ਵਰਤੋਂ ਅਤੇ ਸੰਭਾਲ ਬਾਰੇ ਵਿਦਿਆਰਥੀਆਂ ਦੀ ਮੌਜੂਦਾ ਸਮਝ ਦਾ ਮੁਲਾਂਕਣ ਕਰਨ ਲਈ ਤਿਆਰ ਕੀਤੇ ਗਏ ਪ੍ਰੀ-ਐਕਟੀਵਿਟੀ ਮੁਲਾਂਕਣ ਨੂੰ ਦਾਇਰ ਕਰਨ ਨਾਲ ਹੋਈ। ਫਾਊਂਡੇਸ਼ਨ ਦੇ ਸੰਸਥਾਪਕ ਰਵੀ ਸਿੰਘ ਆਹਲੂਵਾਲੀਆ ਦੀ ਇਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਜ਼ਿੰਮੇਵਾਰ ਵਾਤਾਵਰਣ ਵਿਵਹਾਰ ਨੂੰ ਉਤਸ਼ਾਹਿਤ ਕਰਨਾ ਸੀ। ਵਰਕਸ਼ਾਪ ਵਿੱਚ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਦੇ ਰੁਦਰਾਕਸ਼ ਸਿਸੋਦੀਆ ਵਲੋਂ ਪਾਣੀ ਦੀ ਕਮੀ ਦੀ ਵਧਦੀ ਚਿੰਤਾ ਦੇ ਨਾਲ-ਨਾਲ ਸਾਫ਼ ਅਤੇ ਸੁਰੱਖਿਅਤ ਪਾਣੀ 'ਤੇ ਇੱਕ ਜਾਣਕਾਰੀ ਭਰਪੂਰ ਸੈਸ਼ਨ ਪੇਸ਼ ਕੀਤਾ ਗਿਆ। ਓਧਰ ਪੰਜਾਬ ਦੇ ਭੂਮੀ ਅਤੇ ਜਲ ਸੰਭਾਲ ਵਿਭਾਗ ਚ ਉਪ ਮੰਡਲ ਭੂਮੀ ਰੱਖਿਆ ਅਫਸਰ ਲੂਪਿੰਦਰ ਕੁਮਾਰ ਨੇ ਇਸ ਮੌਕੇ ਲੋਕਾਂ ਨੂੰ ਧਰਤੀ ਦੀ ਬੇਹਤਰੀ ਲਾਇ ਅਪੀਲ ਕਰਦਿਆਂ ਕਿਹਾ :

BYTE

---------------------------------------------------------------------

ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਦੀ ਅੱਜ ਪਹਿਲੀ ਬਰਸੀ ਏ । ਪਿਛਲੇ ਸਾਲ ਅੱਜ ਹੀ ਦੇ ਦਿਨ ਦਹਿਸ਼ਤਗਰਦਾਂ ਨੇ ਪਹਿਲਗਾਮ ਵਿੱਚ 26 ਬੇਕਸੂਰ ਲੋਕਾਂ, ਜਿਨ੍ਹਾਂ ਵਿੱਚੋਂ

ਜ਼ਿਆਦਾਤਰ ਸੈਲਾਨੀ ਸਨ, ਨੂੰ ਮਾਰ ਦਿੱਤਾ ਸੀ। ਇਸ ਘਿਨਾਉਣੇ ਕਾਰੇ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਅਤੇ ਦੁਨੀਆ ਭਰ ਦੀਆਂ ਸਰਕਾਰਾਂ ਅਤੇ ਨੇਤਾਵਾਂ ਨੇ ਇਸਦੀ ਸਖ਼ਤ ਨਿੰਦਾ ਕੀਤੀ ਸੀ । ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਜਵਾਬ ਵਿੱਚ, ਭਾਰਤੀ ਹਥਿਆਰਬੰਦ ਬਲਾਂ ਨੇ ਪਿਛਲੇ ਸਾਲ 6 ਅਤੇ 7 ਮਈ ਦੀ ਰਾਤ ਨੂੰ 'ਆਪ੍ਰੇਸ਼ਨ ਸਿੰਦੂਰ' ਸ਼ੁਰੂ ਕੀਤਾ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਪਹਿਲੀ ਬਰਸੀ 'ਤੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਕਿਹਾ ਕਿ ਪੂਰਾ ਦੇਸ਼ ਉਨ੍ਹਾਂ ਦੇ ਨਾਲ ਖੜ੍ਹਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਉਸ ਘਿਨਾਉਣੇ ਅਤੇ ਕਾਇਰਤਾਪੂਰਨ ਦਹਿਸ਼ਤਗਰਦੀ ਹਮਲੇ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਬੇਕਸੂਰ ਪੀੜਤਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਪ-ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਉਨ੍ਹਾਂ ਦੇ ਪਰਿਵਾਰਾਂ ਨਾਲ ਇਕਜੁੱਟਤਾ ਨਾਲ ਖੜ੍ਹਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਕਦੇ ਵੀ ਦਹਿਸ਼ਤਗਰਦੀ ਦੇ ਕਿਸੇ ਵੀ ਰੂਪ ਅੱਗੇ ਨਹੀਂ ਝੁਕੇਗਾ ਅਤੇ ਦਹਿਸ਼ਤਗਰਦਾਂ ਦੇ ਨਾਪਾਕ ਮਨਸੂਬੇ ਕਦੇ ਵੀ ਸਫਲ ਨਹੀਂ

ਹੋਣਗੇ। ਸ੍ਰੀ ਮੋਦੀ ਨੇ ਕਿਹਾ ਕਿ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾਵੇਗਾ। ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਰੱਖਿਆ ਮੰਤਰੀ ਨੇ ਕਿਹਾ ਕਿ ਦੇਸ਼ ਨੇ ਦਹਾਕਿਆਂ ਤੋਂ ਸਰਹੱਦ ਪਾਰ ਦਹਿਸ਼ਤਗਰਦੀ ਦਾ ਸਾਹਮਣਾ ਕੀਤਾ ਏ , ਪਰ ਅੱਜ ਸਾਡਾ ਜਵਾਬ ਦ੍ਰਿੜ, ਫੈਸਲਾਕੁੰਨ ਅਤੇ ਅਟੱਲ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਦੀ ਦ੍ਰਿੜ ਕਾਰਵਾਈ ਨੇ ਦਿਖਾਇਆ ਏ ਕਿ ਦੇਸ਼ ਦੇ ਲੋਕਾਂ ਨੂੰ ਨੁਕਸਾਨ ਪਹੁੰਚਾਉਣ ਜਾਂ ਇਸਦੀ ਏਕਤਾ ਨੂੰ ਭੰਗ ਕਰਨ ਦੀ ਕਿਸੇ ਵੀ ਕੋਸ਼ਿਸ਼ ਦਾ ਦ੍ਰਿੜਤਾ ਅਤੇ ਸਪੱਸ਼ਟਤਾ ਨਾਲ ਸਾਹਮਣਾ ਕੀਤਾ ਜਾਵੇਗਾ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਦਹਿਸ਼ਤਗਰਦੀ ਮਨੁੱਖਤਾ ਦਾ ਸਭ ਤੋਂ ਵਡੀ ਦੁਸ਼ਮਣ ਏ ਅਤੇ ਨਾਗਰਿਕਾਂ ਨੂੰ ਇਸ ਖਿਲਾਫ ਖੜ੍ਹੇ ਹੋਣ ਦਾ ਸੱਦਾ ਦਿੱਤਾ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਹਿਰਦ ਯਤਨਾਂ ਸਦਕਾ ਸੂਬੇ ਵਿੱਚ ਬਾਸਮਤੀ ਲਈ ਉਤਮਤਾ ਕੇਂਦਰ ਬਣੇਗਾ ਜਿਸ ਨਾਲ ਸੂਬੇ ਵਿੱਚ ਫਸਲੀ ਵੰਨ-ਸੁਵੰਨਤਾ ਨੂੰ ਹੁਲਾਰਾ ਮਿਲੇਗਾ ਅਤੇ ਕਿਸਾਨਾਂ ਦੇ

ਭਵਿੱਖ ਨੂੰ ਸੰਵਾਰਨ ਵਿੱਚ ਸਹਾਈ ਹੋਵੇਗਾ। ਨੀਦਰਲੈਂਡ ਦੇ ਦੌਰੇ ਦੌਰਾਨ ਮੁੱਖ ਮੰਤਰੀ ਨੇ ਸੂਬੇ ਦੇ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਖੇਤੀਬਾੜੀ ਤੇ ਉਦਯੋਗ ਵਿੱਚ ਸਭ ਤੋਂ ਵਧੀਆ ਅਭਿਆਸਾਂ ਦੀ ਪੜਚੋਲ ਕੀਤੀ, ਜਿਨ੍ਹਾਂ ਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ-ਨਿਰਭਰ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ । ਉਨ੍ਹਾਂ ਕਿਹਾ ਕਿ ਦੇਸ਼ ਦੀ ਭਲਾਈ ਲਈ ਸੂਬੇ ਦੇ ਕਿਸਾਨਾਂ ਨੇ ਉਪਜਾਊ ਜ਼ਮੀਨ ਅਤੇ ਪਾਣੀ ਦੇ ਰੂਪ ਵਿੱਚ ਵਡਮੁਲੇ ਕੁਦਰਤੀ ਸਰੋਤਾਂ ਦੀ ਬਹੁਤ ਜ਼ਿਆਦਾ ਵਰਤੋਂ ਕੀਤੀ ਏ , ਜਿਸ ਕਾਰਨ ਕਿਸਾਨਾਂ ਨੂੰ ਕਣਕ-ਝੋਨੇ ਦੇ ਚੱਕਰ ਵਿੱਚੋਂ ਬਾਹਰ ਕੱਢਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਨੇਕ ਕਾਰਜ ਵਿੱਚ ਨੀਦਰਲੈਂਡ, ਪੰਜਾਬ ਦੀ ਬਹੁਤ ਮਦਦ ਕਰ ਸਕਦਾ ਹੈ। ਮੁੱਖ ਮੰਤਰੀ ਨੇ ਖਾਕੇ ਵਿੱਚ ਐਲਟੀ ਫੂਡਜ਼ ਦੀ ਸਹੂਲਤ ਦਾ ਦੌਰਾ ਕੀਤਾ ਜਿੱਥੇ ਕੰਪਨੀ ਨੇ 80 ਤੋਂ ਵੱਧ ਦੇਸ਼ਾਂ ਵਿੱਚ ਆਪਣੀ ਮੌਜੂਦਗੀ ਅਤੇ ਇੱਕ ਲੱਖ ਤੋਂ ਵੱਧ ਕਿਸਾਨਾਂ ਨਾਲ ਮਜ਼ਬੂਤ ਸਬੰਧਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਐਲਟੀ ਫੂਡਜ਼ ਨੇ ਪੰਜਾਬ ਵਿੱਚ ਬਾਸਮਤੀ ਚੌਲਾਂ ਲਈ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕਰਨ ਲਈ ਹਾਮੀ ਭਰੀ ਅਤੇ ਖਰੀਦ ਤੇ ਕੀਟਨਾਸ਼ਕਾਂ ਦੀ ਘੱਟ ਵਰਤੋਂ ਨਾਲ ਕਾਸ਼ਤ ਦਾ ਭਰੋਸਾ ਦਿੱਤਾ।

---

ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੂਬੇ ਭਰ 'ਚ 57 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਅਤੇ ਕਿਸਾਨਾਂ ਨੂੰ 7 ਹਜ਼ਾਰ 109 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ। ਅੱਜ ਗੁਰਦਾਸਪੁਰ ਦਾਣਾ ਮੰਡੀ ਵਿਖੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਕਣਕ ਦੀ ਆਮਦ ਵਿੱਚ ਤੇਜ਼ੀ ਆਈ ਏ ਅਤੇ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਰੋਜ਼ਾਨਾ ਵੱਡੀ ਤਦਾਦ ਵਿੱਚ ਫਸਲ ਪਹੁੰਚ ਰਹੀ ਏ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਨੇ। ਉਨ੍ਹਾਂ ਕਿਹਾ ਕਿ ਉਹ ਰੋਜ਼ਾਨਾ ਵੱਖ ਵੱਖ ਜ਼ਿਲ੍ਹਿਆਂ ਦੀਆਂ ਦਾਣਾ ਮੰਡੀਆਂ ਵਿੱਚ ਜਾ ਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਨੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ

BYTE

ਸ਼੍ਰੀ ਕਟਾਰੂਚੱਕ ਨੇ ਕਿਹਾ ਕਿ ਇਸ ਸੀਜ਼ਨ ਵਿੱਚ ਸੂਬੇ ਦਾ 122 ਲੱਖ ਮੀਟ੍ਰਿਕ ਟਨ ਕਣਕ ਖਰੀਦ ਕਰਨ ਦਾ ਟੀਚਾ ਏ। ਉਨ੍ਹਾਂ ਨੇ ਮੰਡੀ ਵਿੱਚ ਮੌਜੂਦ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਵੀ ਗੱਲਬਾਤ ਕੀਤੀ।

---------------------------------------------------------------

---

ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਸੂਬੇ ਵਿੱਚ ਹੋਈ ਗੜ੍ਹੇਮਾਰੀ ਕਾਰਨ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ੇ ਤਹਿਤ ਕਿਸਾਨਾਂ ਲਈ 123 ਕਰੋੜ 28 ਲਖ ਰੁਪਏ ਤੋਂ ਵੱਧ ਦਾ ਰਾਹਤ ਪੈਕੇਜ ਮਨਜ਼ੂਰ ਕੀਤਾ ਗਿਆ ਏ । ਸੂਬੇ ਦੇ ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਵੱਖ-ਵੱਖ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਗਿਰਦਾਵਰੀ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਤੁਰੰਤ ਕਾਰਵਾਈ ਵਿੱਢੀ ਤਾਂ ਜੋ ਪ੍ਰਭਾਵਿਤ ਕਾਸ਼ਤਕਾਰਾਂ ਨੂੰ ਸਮੇਂ ਸਿਰ ਮੁਆਵਜ਼ਾ ਮਿਲ ਸਕੇ ਅਤੇ ਵਾਢੀ ਦੇ ਸੀਜ਼ਨ ਦੌਰਾਨ ਹੋਏ ਅਣਕਿਆਸੇ ਨੁਕਸਾਨ ਤੋਂ ਉਭਰਿਆ ਜਾ ਸਕੇ। ਮੰਤਰੀ ਨੇ ਦੱਸਿਆ ਕਿ ਸੱਤ ਜ਼ਿਲ੍ਹਿਆਂ ਦੇ 111 ਪਿੰਡਾਂ ਵਿੱਚ 92 ਹਜ਼ਾਰ  695 ਏਕੜ ਰਕਬੇ 'ਚ ਹੋਏ ਫ਼ਸਲੀ ਨੁਕਸਾਨ ਲਈ ਰਾਹਤ ਪੈਕੇਜ ਨੂੰ ਮਨਜ਼ੂਰੀ ਦਿੱਤੀ ਗਈ ਏ ।  ਕੈਬਨਿਟ ਮੰਤਰੀ ਨੇ ਦੱਸਿਆ ਕਿ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਫ਼ਾਜ਼ਿਲਕਾ ਨੂੰ ਸਭ ਤੋਂ ਵੱਧ ਕਰੀਬ 44 ਕਰੋੜ 24 ਲਖ ਰੁਪਏ , ਸ੍ਰੀ ਮੁਕਤਸਰ ਸਾਹਿਬ ਨੂੰ ਕਰੀਬ 43. ਕਰੋੜ 1 ਲਖ ਰੁਪਏ ਦਾ ਮੁਆਵਜ਼ਾ ਮਨਜ਼ੂਰ ਕੀਤਾ ਗਿਆ ਏ । ਇਹ ਮੁਲਾਂਕਣ ਗੜ੍ਹੇਮਾਰੀ ਦੌਰਾਨ ਫ਼ਸਲੀ ਨੁਕਸਾਨ ਦੇ ਮੁਤਾਬਿਕ ਕੀਤਾ ਗਿਆ ਏ ਅਤੇ ਇਸ ਤਹਿਤ 26 ਫ਼ੀਸਦੀ ਤੋਂ ਲੈ ਕੇ 100 ਫ਼ੀਸਦੀ ਨੁਕਸਾਨੇ ਰਕਬੇ ਨੂੰ ਕਵਰ ਕੀਤਾ ਗਿਆ ਏ ।

ਮਾਲ ਵਿਭਾਗ ਵੱਲੋਂ ਡਿਪਟੀ ਕਮਿਸ਼ਨਰਾਂ ਨੂੰ ਮੁਆਵਜ਼ਾ ਵੰਡਣ ਸਬੰਧੀ ਕਾਰਵਾਈਆਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਮਨਜ਼ੂਰ ਕੀਤੀ ਰਕਮ ਬਿਨਾਂ ਕਿਸੇ ਦੇਰੀ ਦੇ ਲਾਭਪਾਤਰੀਆਂ ਤੱਕ ਪਹੁੰਚਾਈ ਜਾ ਸਕੇ।

-----------------------------------------------------------------------

ਪੰਜਾਬ ਸਮੇਤ ਦੇਸ਼ ਭਰ 'ਚ 9 ਤੋਂ 23 ਅਪ੍ਰੈਲ ਤੱਕ ਪੋਸ਼ਣ ਪੰਦ੍ਰਵਾੜਾ' ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਸ ਪੰਦ੍ਰਵਾੜੇ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ, ਛੋਟੇ ਬੱਚਿਆਂ ਦੀਆਂ ਮਾਂਤਾਵਾਂ ਅਤੇ ਬੱਚਿਆਂ ਨੂੰ ਸਹੀ ਖ਼ੁਰਾਕ ਅਤੇ ਸਿਹਤ ਸੰਭਾਲ ਪ੍ਰਤੀ ਜਾਗਰੂਕ ਕਰਨਾ ਏ । ਇਸੇ ਤਹਿਤ ਗੁਰਦਾਸਪੁਰ ਤੇ ਮੋਹਾਲੀ ਸਮੇਤ ਸੂਬੇ ਭਰ 'ਚ ਵੱਖ ਵੱਖ ਥਾਵਾਂ 'ਤੇ ਕੈਂਪ ਲਗਾ ਕੇ ਲੋਕਾਂ ਖਾਸਕਰ ਔਰਤਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ । ਗੁਰਦਾਸਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਪੰਡੋਰੀ ਮਹੰਤਾਂ ਵਿਖੇ ਚੱਲ ਰਹੇ ਆਂਗਣਵਾੜੀ ਸੈਂਟਰ ਨੰਬਰ 1 ਅਤੇ 2 ਵੱਲੋਂ ਸਾਂਝੇ ਤੌਰ 'ਤੇ ਪੋਸ਼ਣ ਪੰਦ੍ਰਵਾੜਾ' ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਸਟਾਫ਼, ਆਂਗਣਵਾੜੀ ਵਰਕਰਾਂ ਅਤੇ ਪਿੰਡ ਦੀਆਂ ਔਰਤਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਆਂਗਣਵਾੜੀ ਸੁਪਰਵਾਈਜ਼ਰ ਬਲਜੀਤ ਕੌਰ ਨੇ ਦੱਸਿਆ ਕਿ ਔਰਤਾਂ ਨੂੰ ਘਰਾਂ ਵਿੱਚ 'ਕਿਚਨ ਗਾਰਡਨ' ਬਣਾਉਣ

ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਉਹ ਮੌਸਮੀ ਅਤੇ ਤਾਜ਼ੀਆਂ ਸਬਜ਼ੀਆਂ ਦੀ ਵਰਤੋਂ ਕਰ ਸਕਣ।

BYTE

ਓਧਰ ਜ਼ਿਲ੍ਹਾ ਮੁਹਾਲੀ ਦੇ ਖਰੜ ਡੇਰਾਬਸੀ, ਮੁਹਾਲੀ ਅਤੇ ਮਾਜਰੀ ਬਲਾਕਾਂ ਵਿੱਚ ਵੀ ਕਈ ਗਤੀਵਿਧੀਆਂ ਕਰਵਾ ਕੇ ਸਿਹਤ ਬਾਰੇ ਸਾਵਧਾਨੀਆਂ ਦੀ  ਜਾਣਕਾਰੀ ਦਿੱਤੀ ਜਾ ਰਹੀ ਏ । ਖਰੜ ਬਲਾਕ ਦੇ ਪਿੰਡ ਬੜਮਾਜਰਾ ਸਥਿਤ ਆਂਗਨਵਾੜੀ ਸੈਂਟਰ ਦੀ ਸੰਚਾਲਕਾ ਰਮਨਪ੍ਰੀਤ ਕੌਰ ਨੇ ਦਸਿਆ ।

BYTE

-------------------------------------------------------------------------

ਮੋਹਾਲੀ, ਪਟਿਆਲਾ, ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ ਜ਼ਿਲ੍ਹਿਆਂ ਦੇ ਵਸਨੀਕਾਂ ਨੂੰ 26 ਅਪ੍ਰੈਲ ਤੱਕ ਬਿਜਲੀ ਦੇ ਲੰਬੇ ਸਮੇਂ ਤੱਕ ਕੱਟ ਲੱਗਣ ਦਾ ਸਾਹਮਣਾ ਕਰਨਾ ਪੈ ਸਕਦਾ ਏ , ਹਾਲਾਂਕਿ ਮੌਸਮ ਵਿਭਾਗ ਨੇ 25 ਅਪ੍ਰੈਲ ਤੱਕ ਗਰਮ ਰਾਤਾਂ ਦੇ ਨਾਲ ਲੂ ਦੀ ਸਥਿਤੀ ਦਾ ਯੇਲੋ  ਅਲਰਟ ਜਾਰੀ ਕੀਤਾ ਏ । ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ-PSPCL ਵਲੋਂ ਜਾਰੀ ਇੱਕ ਨੋਟਿਸ ਮੁਤਾਬਿਕ, ਬਿਜਲੀ ਵੰਡ

ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਆਧੁਨਿਕੀਕਰਨ ਲਈ ਚੱਲ ਰਹੇ ਕੰਮ ਦੇ ਕਾਰਨ ਇਨ੍ਹਾਂ ਪ੍ਰਮੁੱਖ ਸ਼ਹਿਰਾਂ ਅਤੇ ਉਨ੍ਹਾਂ ਦੇ ਆਲੇ ਦੁਆਲੇ 26 ਅਪ੍ਰੈਲ ਤੱਕ 5 ਤੋਂ 9 ਘੰਟਿਆਂ ਦੇ ਲੰਬੇ ਸਮੇਂ ਦੇ ਬਿਜਲੀ ਕੱਟ ਜਾਰੀ ਰਹਿਣਗੇ। ਅੱਜ ਪੰਜਾਬ ਅਤੇ ਹਰਿਆਣਾ ਵਿੱਚ ਦਰਜ ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਦੇ ਮੁਤਾਬਿਕ ਫਰੀਦਕੋਟ 42.9 ਡਿਗਰੀ ਸੈਲਸੀਅਸ ਨਾਲ ਜਦਕਿ ਹਰਿਆਣਾ ਦਾ ਨਾਰਨੌਲ 42.5 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਰਿਹਾ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ 38 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਵੇਰਵੇ ਨਾਲ ਇਕ ਰਿਪੋਰਟ

BYTE

---------------------------------------------------------------------

IPL ਕ੍ਰਿਕੇਟ ਵਿੱਚ ਅੱਜ ਲਖਨਊ ਵਿਖੇ, ਰਾਜਸਥਾਨ ਰੋਇਲਸ ਦਾ ਮੁਕਾਬਲਾ ਸ਼ਾਮੀ ਸਾਡੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

---------------------------------------------------------------------

- ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਧਰਤੀ ਦਿਵਸ ਦੇ ਮੌਕੇ, ਧਰਤੀ ਦੀ ਰੱਖਿਆ ਅਤੇ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦੀ ਅਪੀਲ ਕੀਤੀ।
- ਰਾਸ਼ਟਰ ਅੱਜ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ ।
- ਪੰਜਾਬ 'ਚ 57 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਅਤੇ ਕਿਸਾਨਾਂ ਨੂੰ 7 ਹਜ਼ਾਰ 109 ਕਰੋੜ ਰੁਪਏ ਦੀ ਅਦਾਇਗੀ ਮੁਕੰਮਲ ।
- ਗੜ੍ਹੇਮਾਰੀ ਕਾਰਨ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ੇ ਤਹਿਤ ਕਿਸਾਨਾਂ ਲਈ, 123 ਕਰੋੜ 28 ਲੱਖ ਰੁਪਏ ਤੋਂ ਵੱਧ ਦੀ ਰਾਹਤ ਰਾਸ਼ੀ ਜਾਰੀ।
- ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਵਲੋਂ ਮੋਹਾਲੀ, ਪਟਿਆਲਾ, ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ 'ਚ 26 ਅਪ੍ਰੈਲ ਤੱਕ 5 ਤੋਂ 9 ਘੰਟਿਆਂ ਦੇ ਬਿਜਲੀ ਕੱਟ ਜਾਰੀ ਰਹਿਣਗੇ--ਮੌਸਮ ਵਿਭਾਗ ਨੇ 25 ਅਪ੍ਰੈਲ ਤੱਕ ਲੂ ਵੱਗਣ ਬਾਰੇ ਯੇਲੋ ਅਲਰਟ ਜਾਰੀ ਕੀਤਾ।

- IPL ਕ੍ਰਿਕੇਟ ਵਿੱਚ ਅੱਜ ਲਖਨਊ ਵਿਖੇ ਰਾਜਸਥਾਨ ਰੋਇਲਸ ਦਾ ਮੁਕਾਬਲਾ ਸ਼ਾਮੀ ਸਾਡੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

---------------------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**